# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ :18-11-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਵਿਕਸਤ ਅਤੇ ਆਤਮਨਿਰਭਰ ਬਣਨ ਵੱਲ ਵਧ ਰਿਹਾ ਏ। ਕੱਲ੍ਹ ਨਵੀਂ ਦਿੱਲੀ ਵਿੱਚ ਛੇਵੇਂ ਰਾਮਨਾਥ ਗੋਇਨਕਾ ਲੈਕਚਰ ਵਿਖੇ ਸੰਬੋਧਨ ਕਰਦਿਆਂ ਸ਼੍ਰੀ ਮੋਦੀ ਨੇ ਕਿਹਾ ਕਿ ਜਿਥੇ ਇੱਕ ਪਾਸੇ ਪੂਰੀ ਦੁਨੀਆ ਰੁਕਾਵਟਾਂ ਤੋਂ ਡਰ ਹੋਈ ਏ, ਉਥੇ ਭਾਰਤ ਭਰੋਸੇ ਨਾਲ ਇੱਕ ਰੌਸ਼ਨ ਭਵਿੱਖ ਵੱਲ ਵਧ ਰਿਹਾ ਏ । ਪ੍ਰਧਾਨ ਮੰਤਰੀ ਨੇ ਜ਼ੋਰ ਦੇ ਕੇ ਕਿਹਾ ਕਿ ਭਾਰਤ ਸਿਰਫ਼ ਇੱਕ ਉੱਭਰਦਾ ਬਾਜ਼ਾਰ ਨਹੀਂ ਏ, ਸਗੋਂ ਇੱਕ ਉੱਭਰਦਾ ਮਾਡਲ ਵੀ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਆਲਮੀ ਸੰਕਟਾਂ ਦਰਮਿਆਨ ਵੀ ਭਾਰਤ ਦਾ ਆਰਥਿਕ ਵਿਕਾਸ ਬੇਰੋਕ ਜਾਰੀ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਕਿਸਾਨ ਸਨਮਾਨ ਨਿਧੀ ਯੋਜਨਾ

ਦੀ 21ਵੀਂ ਕਿਸ਼ਤ, ਕਿਸਾਨਾਂ ਦੇ ਖਾਤਿਆਂ ਵਿੱਚ ਪਾਉਣਗੇ। ਉਹ ਇਸ ਮੌਕੇ ਕਿਸਾਨਾਂ ਨੂੰ ਸੰਬੋਧਨ ਵੀ ਕਰਨਗੇ। ਇਸ ਦਿਨ ਨੂੰ ਪ੍ਰਧਾਨ ਮੰਤਰੀ ਕਿਸਾਨ ਉਤਸਵ ਦਿਵਸ ਵਜੋਂ ਮਨਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਸਾਂਝੀ ਕਰਦੇ ਹੋਏ, ਕੇਂਦਰੀ ਖੇਤੀਬਾੜੀ ਮੰਤਰੀ, ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ 9 ਕਰੋੜ ਕਿਸਾਨਾਂ ਦੇ ਖਾਤਿਆਂ ਵਿੱਚ, 18 ਹਜ਼ਾਰ ਕਰੋੜ ਰੁਪਏ ਪਾਏ ਜਾਣਗੇ। ਦੇਸ਼ ਭਰ ਦੇ ਯੋਗ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ, ਸਿੱਧੇ 2-2 ਹਜ਼ਾਰ ਰੁਪਏ ਟ੍ਰਾਂਸਫਰ ਕੀਤੇ ਜਾਣਗੇ।

BYTE

----------------------------------------------------

ਕੇਂਦਰੀ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰਾਲੇ ਨੇ ਅੱਜ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਨਸ਼ਾ ਮੁਕਤ ਭਾਰਤ ਅਭਿਆਨ ਦੇ ਪੰਜ ਸਾਲ ਪੂਰੇ ਹੋਣ ਦਾ ਜਸ਼ਨ ਮਨਾਉਣ ਲਈ ਸਮਾਪਤੀ ਸਮਾਗਮ ਦਾ ਆਯੋਜਨ ਕੀਤਾ। ਇਸ ਸਮਾਗਮ ਦੀ ਅਗਵਾਈ ਪੰਜਾਬ ਦੇ ਰਾਜਪਾਲ, ਗੁਲਾਬ ਚੰਦ ਕਟਾਰੀਆ ਅਤੇ ਕੇਂਦਰੀ ਸਮਾਜਿਕ ਨਿਆਂ ਅਤੇ ਸ਼ਕਤੀਕਰਨ ਮੰਤਰੀ, ਡਾ. ਵਰਿੰਦਰ ਕੁਮਾਰ ਅਤੇ ਕੇਂਦਰ ਅਤੇ ਰਾਜ ਦੇ

ਹੋਰ ਪਤਵੰਤੇ ਕਰ ਰਹੇ ਨੇ। ਸੈਂਕੜੇ ਨੌਜਵਾਨਾਂ ਅਤੇ ਹੋਰਨਾਂ ਦੇ ਇਕੱਠ ਨੂੰ ਸੰਬੋਧਨ ਕਰਦਿਆਂ, ਡਾ. ਕੁਮਾਰ ਨੇ ਕਿਹਾ ਕਿ 7 ਕਰੋੜ ਤੋਂ ਵੱਧ ਨੌਜਵਾਨਾਂ, 5 ਕਰੋੜ ਔਰਤਾਂ, ਲਗਭਗ 16 ਲੱਖ ਵਿਦਿਅਕ ਸੰਸਥਾਵਾਂ ਅਤੇ 20 ਹਜ਼ਾਰ ਮਾਸਟਰ ਟ੍ਰੇਨਰਾਂ ਦੀ ਮਦਦ ਨਾਲ ਦੇਸ਼ ਭਰ ਵਿੱਚ 23 ਕਰੋੜ ਤੋਂ ਵੱਧ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਜਾ ਰਿਹਾ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਸਾਰਿਆਂ ਨੇ ਜਾਗਰੂਕਤਾ ਲਈ ਇੱਕਜੁੱਟ ਹੋ ਕੇ ਕੰਮ ਕੀਤਾ ਏ। ਉਨ੍ਹਾਂ ਨੌਜਵਾਨਾਂ ਨੂੰ ਨਸ਼ਿਆਂ ਵਿਰੁੱਧ ਵਧੇਰੇ ਜਾਗਰੂਕਤਾ ਫੈਲਾਉਣ ਲਈ ਯੂਨੀਵਰਸਿਟੀਆਂ ਵਿੱਚ ਆਪਣੇ ਦੁਆਰਾ ਬਣਾਏ ਗਏ ਸੰਗੀਤ ਬੈਂਡਾਂ ਦੀ ਵਰਤੋਂ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ ਅੱਜ 28 ਰਾਜਾਂ ਵਿੱਚ ਵੀ ਇਸੇ ਤਰ੍ਹਾਂ ਦੇ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ।  ਡਾ. ਕੁਮਾਰ ਨੇ ਹਾਜ਼ਰੀਨ ਨੂੰ ਨਸ਼ਿਆਂ ਵਿਰੁੱਧ ਡਟਣ ਲਈ ਸਹੁੰ ਵੀ ਚੁਕਾਈ। ਪੰਜਾਬ ਦੇ ਰਾਜਪਾਲ, ਸ਼੍ਰੀ ਕਟਾਰੀਆ ਅਤੇ ਯੂਨੀਵਰਸਿਟੀ ਮੰਤਰੀ, ਸ਼੍ਰੀ ਕੁਮਾਰ ਨੇ NMBA ਪੋਰਟਲ 2.0, NMBA ਮੋਬਾਈਲ ਐਪਲੀਕੇਸ਼ਨ, ਏਕੀਕ੍ਰਿਤ ਡਰੱਗ

ਐਡਿਕਸ਼ਨ ਮਾਨੀਟਰਿੰਗ ਸਿਸਟਮ (IDAMS) ਪੋਰਟਲ ਅਤੇ ਰਾਸ਼ਟਰੀ ਡਰੱਗਜ਼ ਸਰਵੇਖਣ ਪੋਰਟਲ ਵੀ ਲਾਂਚ ਕੀਤਾ।

-----------------------------------------------------------

ਕੌਮੀ ਮਹਿਲਾ ਕਮਿਸ਼ਨ ਦੇ ਮੈਂਬਰ ਮਮਤਾ ਕੁਮਾਰੀ ਨੇ ਅੱਜ ਮੁਹਾਲੀ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਕੇਸਾਂ ਵਿਚ ਤਕਰੀਬਨ 60 ਪੀੜਤ ਮਹਿਲਾਵਾਂ ਦੇ ਕੇਸਾਂ ਬਾਰੇ ਮੀਟਿੰਗ ਕੀਤੀ ਅਤੇ ਪੀੜਤ ਮਹਿਲਾਵਾਂ ਦੀ ਗੱਲ ਸੁਣੀ ਤੇ ਸਬੰਧਤ ਜਾਂਚ ਅਧਿਕਾਰੀਆਂ ਤੋਂ ਸ਼ਿਕਾਇਤ ਦੀ ਪ੍ਰਗਤੀ ਬਾਰੇ ਜਾਣਕਾਰੀ ਲਈ। ਮਮਤਾ ਕੁਮਾਰੀ ਨੇ ਮੌਕੇ ’ਤੇ ਹੀ ਨਿਰਦੇਸ਼ ਦਿੱਤੇ ਕਿ ਇਹਨਾਂ ਮੌਜੂਦ ਪੀੜਤਾਂ ਦੀਆਂ ਸ਼ਿਕਾਇਤਾਂ ਛੇਤੀ ਹੱਲ ਕੀਤੀਆਂ ਜਾਣ ਤੇ ਰਿਪੋਰਟ ਭੇਜੀ ਜਾਵੇ। ਉਹਨਾਂ ਇਸ ਤੋਂ ਪਹਿਲਾਂ ਮੁਹਾਲੀ ਦੇ ਫੇਸ 6 ਸਥਿਤ ਸਰਕਾਰੀ ਹਸਪਤਾਲ ਅਤੇ ਵਨ ਸਟਾਪ ਸੈਂਟਰ ਦਾ ਵੀ ਦੌਰਾ ਕੀਤਾ ਤੇ ਉੱਥੇ ਉਪਲੱਬਧ ਸਹੂਲਤਾਂ ਤੇ ਹੋਰ ਜਾਣਕਾਰੀ ਹਾਸਲ ਕੀਤੀ। ਮਮਤਾ ਕੁਮਾਰੀ ਨੇ ਕਿਹਾ ਕਿ ਮਹਿਲਾ ਕਮਿਸ਼ਨ ਮਹਿਲਾਵਾਂ ਦੀ ਮਦਦ ਲਈ ਏ ਅਤੇ ਉਹ ਕਿਸੇ ਵੀ ਕਿਸਮ ਦੀ

ਮੁਸ਼ਕਿਲ ਜਾਂ ਨਾਇਨਸਾਫੀ ਲਈ ਅੱਗੇ ਆਉਣ ਅਤੇ ਉਹਨਾਂ ਨੂੰ ਇਨਸਾਫ ਜ਼ਰੂਰ ਮਿਲੇਗਾ।

-------------------------------------------------------------------

ਭਾਰਤੀ ਚੋਣ ਕਮਿਸ਼ਨ (ECI) ਨੇ ਤਰਨਤਾਰਨ ਜ਼ਿਮਨੀ ਚੋਣ ਦੇ ਪ੍ਰਚਾਰ ਦੌਰਾਨ, ਸ਼੍ਰੋਮਣੀ ਅਕਾਲੀ ਦਲ (SAD) ਦੇ ਕੁਝ ਵਰਕਰਾਂ ਵਿਰੁੱਧ, FIR ਦਰਜ ਕਰਨ ਦੇ ਸਬੰਧ ਵਿੱਚ, ਪੰਜਾਬ ਦੇ ਡਾਇਰੈਕਟਰ ਜਨਰਲ ਆਫ਼ ਪੁਲਿਸ (DGP), ਗੌਰਵ ਯਾਦਵ ਨੂੰ ਤਲਬ ਕੀਤਾ ਏ। ECI ਸੂਤਰਾਂ ਅਨੁਸਾਰ, ਉਨ੍ਹਾਂ ਨੂੰ 25 ਨਵੰਬਰ ਨੂੰ ਤਲਬ ਕੀਤਾ ਗਿਆ ਏ। ਇਸ ਤੋਂ ਪਹਿਲਾਂ, 8 ਨਵੰਬਰ ਨੂੰ, ਕਮਿਸ਼ਨ ਨੇ ਤਰਨਤਾਰਨ ਦੇ SSP, ਰਵਜੋਤ ਕੌਰ ਗਰੇਵਾਲ ਨੂੰ ਸ਼੍ਰੋਮਣੀ ਅਕਾਲੀ ਦਲ ਦੀ ਸ਼ਿਕਾਇਤ 'ਤੇ ਮੁਅੱਤਲ ਕਰਨ ਦੇ ਨਿਰਦੇਸ਼ ਜਾਰੀ ਕੀਤੇ ਸਨ, ਜਿਸ ਵਿੱਚ ਦੋਸ਼ ਲਗਾਇਆ ਗਿਆ ਸੀ ਕਿ ਉਨ੍ਹਾਂ ਅਤੇ ਦੋ ਹੋਰ ਪੁਲਿਸ ਅਧਿਕਾਰੀਆਂ ਨੇ 11 ਨਵੰਬਰ ਦੀਆਂ ਵਿਧਾਨ ਸਭਾ ਜ਼ਿਮਨੀ ਚੋਣਾਂ ਤੋਂ ਪਹਿਲਾਂ, ਤਰਨਤਾਰਨ ਵਿੱਚ ਆਮ ਆਦਮੀ ਪਾਰਟੀ ਦੀ ਹਮਾਇਤ ਕੀਤੀ ਸੀ. DGP ਨੇ 13 ਨਵੰਬਰ ਨੂੰ ਇਸ ਮੁੱਦੇ 'ਤੇ ਇੱਕ ਰਿਪੋਰਟ ਵੀ ਸੌਂਪੀ ਸੀ।

----------------------------------------------------------------

ਲੌਹ ਪੁਰਸ਼ ਸਰਦਾਰ ਵਲੱਭ ਭਾਈ ਪਟੇਲ ਜੀ ਦੇ 150ਵੇਂ ਜਨਮ ਦਿਨ ਦੇ ਸਬੰਧ ਵਿੱਚ ਉਨ੍ਹਾਂ ਦੀਆਂ ਦੇਸ਼ ਲਈ ਕੀਤੀਆਂ ਅਦਭੁਤ ਸੇਵਾਵਾਂ ਨੂੰ ਯਾਦ ਕਰਦੇ ਹੋਏ ਸਕੂਲਾਂ ਅਤੇ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਇੱਕ ਵਿਸ਼ੇਸ਼ ਏਕਤਾ ਦੌੜ ਕਰਵਾਈ ਗਈ। ਇਹ ਦੌੜ ਡੇਰਾ ਬਾਬਾ ਨਾਨਕ ਦੇ ਕਰਤਾਰਪੁਰ ਕੋਰੀਡੋਰ ਤੋਂ ਸ਼ੁਰੂ ਹੋਕੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਡੇਰਾ ਬਾਬਾ ਨਾਨਕ  ਵਿਖੇ ਸਮਾਪਤ ਹੋਈ। ਇਸ ਦੌੜ ਵਿੱਚ ਵੱਡੀ ਗਿਣਤੀ ਵਿੱਚ ਸਕੂਲਾਂ ਅਤੇ ਕਾਲਜਾਂ ਦੇ ਬੱਚਿਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਦੌੜ ਦੀ ਸ਼ੁਰੂਆਤ ਸਹਾਇਕ ਕਮਿਸਨਰ ਕੁਲਦੀਪ ਚੰਦ ਅਤੇ ਯੂਥ ਅਫਸਰ ਸੰਦੀਪ ਕੌਰ ਵਲੋਂ ਹਰੀ ਝੰਡੀ ਦਿਖਾ ਕੇ ਕੀਤੀ ਗਈ। ਬੱਚਿਆਂ ਨੇ "ਏਕਤਾ ਵਿੱਚ ਸ਼ਕਤੀ ਹੈ" ਅਤੇ "ਰਾਸ਼ਟਰੀ ਏਕਤਾ ਅਮਰ ਰਹੇ" ਦੇ ਨਾਅਰੇ ਲਾ ਕੇ ਸਭ ਦਾ ਮਨ ਮੋਹ ਲਿਆ। ਇਸ ਮੌਕੇ ਸਹਾਇਕ ਕਮਿਸਨਰ ਕੁਲਦੀਪ ਚੰਦ ਅਤੇ ਯੂਵਾ ਅਫਸਰ ਮੈਡਮ ਸੰਦੀਪ ਕੌਰ ਅਤੇ ਜਨਰਲ ਮੈਨੇਜਰ ਲੈਂਡ ਪੋਰਟ ਅਥਾਰਟੀ ਕਰਤਾਰਪੁਰ ਕੋਰੀਡੋਰ ਨੇ ਕਿਹਾ ਕਿ ਸਰਦਾਰ ਵੱਲਭ ਭਾਈ ਪਟੇਲ ਜੀ ਵਲੋਂ ਦੇਸ਼ ਦੀ ਏਕਤਾ ਅਤੇ

ਅਖੰਡਤਾ ਵਿੱਚ ਪਾਏ ਯੋਗਦਾਨ ਨੂੰ ਹਮੇਸ਼ਾ ਯਾਦ ਰੱਖਿਆ ਜਾਵੇਗਾ। ਉਨ੍ਹਾਂ ਦੇ ਜੀਵਨ ਤੋਂ ਸਾਨੂੰ ਦੇਸ਼ ਪ੍ਰੇਮ, ਸਮਰਪਣ ਅਤੇ ਨਿਸ਼ਕਾਮ ਸੇਵਾ ਦੀ ਪ੍ਰੇਰਣਾ ਮਿਲਦੀ ਏ।

----------------------------------------------------------------